# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 16-05-2025**

- ਭਾਰਤ ਨੇ ਕੌਮਾਂਤਰੀ ਮੁਦਰਾ ਫੰਡ ਨੂੰ, ਪਾਕਿਸਤਾਨ ਨੂੰ ਦਿੱਤੀ ਜਾ ਰਹੀ ਵਿੱਤੀ ਸਹਾਇਤਾ ’ਤੇ ਮੁੜ ਵਿਚਾਰ ਕਰਨ ਲਈ ਕਿਹਾ ਏ।
- ਪੰਜਾਬ ਦੇ ਜੇਲ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਰੂਪਨਗਰ ਜੇਲ ਦਾ ਅਚਨਚੇਤ ਦੌਰਾ ਕਰਦਿਆਂ ਅਧਿਕਾਰੀਆਂ ਨੂੰ ਕਾਨੂੰਨ ਮੁਤਾਬਕ ਕੰਮ ਕਰਨ ਦੀ ਸਖਤ ਚੇਤਾਵਨੀ ਦਿੱਤੀ।
- ਡੇਂਗੂ ਤੋਂ ਬਚਾਅ ਬਾਰੇ ਜਾਗਰੂਕਤਾ ਪੈਦਾ ਕਰਨ ਲਈ, ਅੱਜ ਰਾਸ਼ਟਰੀ ਡੇਂਗੂ ਦਿਵਸ ਮਨਾਇਆ ਜਾ ਰਿਹਾ ਏ।
- ਅੰਮ੍ਰਿਤਸਰ ਦੇ ਮਜੀਠਾ ’ਚ ਜ਼ਹਿਰੀਲੀ ਸ਼ਰਾਬ ਮਾਮਲੇ ਵਿੱਚ 14 ਮੁਲਜ਼ਮਾਂ ਨੂੰ ਜ਼ਿਲ੍ਹਾ ਅਦਾਲਤ ਨੇ 4 ਦਿਨ ਦੇ ਪੁਲਿਸ ਰਿਮਾਂਡ ’ਤੇ ਭੇਜਿਆ I
- ਪੰਜਾਬ ਪੁਲਿਸ ਨੇ ਪਾਕਿਸਤਾਨ ਅਧਾਰਤ ਨਸ਼ਾ,ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ, ਇਕ ਨਸ਼ਾ ਤਸਕਰ ਨੂੰ 85 ਕਿਲੋਗ੍ਰਾਮ ਹੈਰੋਇਨ ਸਮੇਤ ਕੀਤਾ ਗ੍ਰਿਫਤਾਰ ।

---

ਭਾਰਤ ਨੇ ਕੌਮਾਂਤਰੀ ਮੁਦਰਾ ਫੰਡ ਨੂੰ, ਪਾਕਿਸਤਾਨ ਨੂੰ ਦਿੱਤੀ ਜਾ ਰਹੀ ਵਿੱਤੀ ਸਹਾਇਤਾ 'ਤੇ ਮੁੜ ਵਿਚਾਰ ਕਰਨ ਲਈ ਕਿਹਾ ਏ । ਗੁਜਰਾਤ ਦੇ ਭੁਜ ਵਿਖੇ ਹਵਾਈ ਸੈਨਾ ਦੇ ਅੱਡੇ 'ਤੇ ਜਵਾਨਾਂ ਨੂੰ ਸੰਬੋਧਨ ਕਰਦੇ ਹੋਏ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ ਪਾਕਿਸਤਾਨ, ਇਸ ਵਿੱਤੀ ਸਹਾਇਤਾ ਦੇ ਵੱਡੇ ਹਿੱਸੇ ਦੀ ਵਰਤੋਂ ਦਹਿਸ਼ਤਗਰਦੀ ਬੁਨਿਆਦੀ ਢਾਂਚੇ ਦੇ ਨਿਰਮਾਣ ਲਈ ਕਰੇਗਾ। **BYTE:**

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਆਪ੍ਰੇਸ਼ਨ ਸਿੰਦੂਰ ਵਿੱਚ, ਭਾਰਤੀ ਹਵਾਈ ਸੈਨਾ ਦੀ ਤੇਜ਼ ਅਤੇ ਫੈਸਲਾਕੁੰਨ ਕਾਰਵਾਈ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸ ਨੇ ਦੇਸ਼ ਅਤੇ ਵਿਦੇਸ਼ ਵਿੱਚ ਸਾਰੇ ਭਾਰਤੀਆਂ ਨੂੰ ਮਾਣ ਮਹਿਸੂਸ ਕਰਵਾਇਆ ਏ । **BYTE:**

ਉਨ੍ਹਾਂ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਵਿੱਚ ਭਾਰਤੀ ਫੌਜ ਦੀ ਕੁਸ਼ਲ ਭੂਮਿਕਾ ਦੀ, ਦੁਨੀਆ ਦੇ ਹੋਰ ਦੇਸ਼ਾਂ ਵਿੱਚ ਵੀ ਸ਼ਲਾਘਾ ਕੀਤੀ ਜਾ ਰਹੀ ਏ । ਰੱਖਿਆ ਮੰਤਰੀ ਨੇ ਕਿਹਾ ਕਿ ਭਾਰਤੀ ਹਵਾਈ ਸੈਨਾ ਨੇ ਨਾ ਸਿਰਫ਼ ਅਜਿੱਤ ਸਾਹਸ ਦਾ ਪ੍ਰਦਰਸ਼ਨ ਕੀਤਾ ਏ ਬਲਕਿ ਭਾਰਤੀ ਰੱਖਿਆ ਸਮਰੱਥਾਵਾਂ ਦੇ ਨਵੇਂ ਮਿਆਰ ਵੀ ਸਥਾਪਤ ਕੀਤੇ ਨੇ ।

---------------------------------------------------------------------------

ਵਿਦੇਸ਼ ਮੰਤਰੀ ਐਸ. ਜੈਸ਼ੰਕਰ ਨੇ ਕਿਹਾ ਏ ਕਿ ਪਾਕਿਸਤਾਨ ਦੇ ਨਾਲ

ਸਿਰਫ਼ ਉਸ ਦੇ ਗੈਰ-ਕਾਨੂੰਨੀ ਕਬਜ਼ੇ ਵਾਲੇ ਜੰਮੂ-ਕਸ਼ਮੀਰ ਨੂੰ ਮੁਕਤ ਕਰਾਉਣ ਅਤੇ ਦਹਿਸ਼ਤਗਰਦੀ ਦੇ ਮੁੱਦੇ 'ਤੇ ਗੱਲਬਾਤ ਹੋਵੇਗੀ। ਸ਼੍ਰੀ ਜੈਸ਼ੰਕਰ ਨੇ ਕਿਹਾ ਕਿ ਸਿੰਧੂ ਜਲ ਸੰਧੀ ਉਦੋਂ ਤੱਕ ਮੁਅੱਤਲ ਰਹੇਗੀ, ਜਦੋਂ ਤੱਕ ਪਾਕਿਸਤਾਨ ਸਰਹੱਦ ਪਾਰ ਦਹਿਸ਼ਤਗਰਦੀ  ਨੂੰ ਭਰੋਸੇਯੋਗ ਢੰਗ ਨਾਲ ਨਹੀਂ ਰੋਕਦਾ । ਉਨ੍ਹਾਂ ਨੇ ਦੋਵਾਂ ਦੇਸ਼ਾਂ ਵਿਚਕਾਰ ਕਿਸੇ ਵੀ ਤੀਜੀ ਧਿਰ ਦੀ ਸਾਲਸੀ ਨੂੰ ਰੱਦ ਕਰਦੇ ਹੋਏ ਕਿਹਾ ਕਿ ਕੋਈ ਵੀ ਗੱਲਬਾਤ ਸਿਰਫ ਦੁਵੱਲੇ ਆਧਾਰ 'ਤੇ ਹੋਵੇਗੀ। ਡਾ: ਜੈਸ਼ੰਕਰ ਨੇ ਕਿਹਾ ਕਿ ਭਾਰਤ ਨੂੰ ਸੌਂਪੇ ਜਾਣ ਵਾਲੇ ਦਹਿਸ਼ਤਗਰਦਾਂ ਦੀ ਸੂਚੀ ਪਾਕਿਸਤਾਨ ਨੂੰ ਦੇ ਦਿੱਤੀ ਗਈ ਏ । ਉਨ੍ਹਾਂ ਕਿਹਾ ਕਿ ਪਾਕਿਸਤਾਨ ਨੂੰ ਦਹਿਸ਼ਤਗਰਦੀ ਢਾਂਚੇ ਨੂੰ ਵੀ ਤਬਾਹ ਕਰਨਾ ਪਵੇਗਾ।

------------------------------------------------------------------------

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਰਾਸ਼ਟਰੀ ਏਕਤਾ ਨੂੰ ਦਰਸਾਉਂਦੇ ਹੋਏ, ਤੁਰਕੀ ਅਤੇ ਅਜ਼ਰਬਾਈਜਾਨ ਵਿੱਚ ਵਿਦਿਅਕ ਸੰਸਥਾਵਾਂ ਨਾਲ ਸਾਰੇ ਸਮਝੌਤਿਆਂ ਨੂੰ ਖਤਮ ਕਰ ਦਿੱਤਾ ਏ । ਯੂਨੀਵਰਸਿਟੀ ਨੇ ਹਾਲ ਹੀ ਵਿੱਚ ਭੂ-ਰਾਜਨੀਤਿਕ ਘਟਨਾਵਾਂ ਦਾ ਹਵਾਲਾ ਦਿੰਦੇ ਹੋਏ, ਤੁਰਕੀ ਅਤੇ ਅਜ਼ਰਬਾਈਜਾਨ ਵਿੱਚ ਸੰਸਥਾਵਾਂ ਨਾਲ 6 ਵਿਦਿਅਕ ਸਾਂਝੇਦਾਰੀ ਨੂੰ ਅਧਿਕਾਰਤ ਤੌਰ 'ਤੇ ਖਤਮ ਕਰ ਦਿੱਤਾ ਏ  ਅਤੇ ਇਹ ਸਾਂਝੇਦਾਰੀ ਭਾਰਤ ਦੇ ਰਾਸ਼ਟਰੀ ਹਿੱਤ ਵਿੱਚ ਨਹੀਂ ਸੀ।  ਇਸ ਫੈਸਲੇ ਵਿੱਚ

ਵਿਦਿਆਰਥੀ ਅਤੇ ਸਟਾਫ ਐਕਸਚੇਂਜ ਪ੍ਰੋਗਰਾਮਾਂ, ਸੰਯੁਕਤ ਖੋਜ ਪ੍ਰੋਜੈਕਟਾਂ, ਦੋਹਰੀ ਡਿਗਰੀ ਪਹਿਲਕਦਮੀਆਂ ਅਤੇ ਦੋਵਾਂ ਦੇਸ਼ਾਂ ਦੀਆਂ ਸੰਸਥਾਵਾਂ ਨਾਲ ਅਕਾਦਮਿਕ ਸਹਿਯੋਗ ਦੇ ਹੋਰ ਸਾਰੇ ਰੂਪਾਂ ਨੂੰ ਤੁਰੰਤ ਖਤਮ ਕਰਨਾ ਸ਼ਾਮਲ ਏ । ਇਸ ਫੈਸਲੇ ਦਾ ਐਲਾਨ ਕਰਦੇ ਹੋਏ, ਯੂਨੀਵਰਸਿਟੀ ਦੇ ਚਾਂਸਲਰ, ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ, ਯੂਨੀਵਰਸਿਟੀ ਦਾ ਮਿਸ਼ਨ ਹਮੇਸ਼ਾ ਭਾਰਤ ਦੇ ਵਿਕਾਸ ਅਤੇ ਅਖੰਡਤਾ ਨਾਲ ਜੁੜਿਆ ਰਿਹਾ ਏ ਅਤੇ ਅਸੀਂ ਕਦੇ ਵੀ ਕਿਸੇ ਵੀ ਸੰਸਥਾ ਨਾਲ ਨਹੀਂ ਜੁੜਾਗੇ ਜੋ ਭਾਰਤ ਦੀ ਪ੍ਰਭੂਸੱਤਾ ਨੂੰ ਕਮਜ਼ੋਰ ਕਰਦੀ ਏ ।

-------------------------------------------------------------------

ਪੰਜਾਬ ਦੇ ਜੇਲ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਅੱਜ ਰੂਪਨਗਰ ਜੇਲ ਦਾ ਅਚਨਚੇਤ ਦੌਰਾ ਕੀਤਾ ਅਤੇ ਅਧਿਕਾਰੀਆਂ ਨੂੰ ਕਾਨੂੰਨ ਮੁਤਾਬਕ ਕੰਮ ਕਰਨ ਦੀ ਸਖਤ ਚੇਤਾਵਨੀ ਦਿੱਤੀ । ਉਹਨਾਂ ਕਿਹਾ ਕਿ ਸਾਰੇ ਜੇਲਾਂ ਵਿੱਚ ਏ.ਆਈ. ਤਕਨੀਕ ਵਾਲੇ ਆਧੁਨਿਕ ਕੈਮਰੇ ਲੱਗ ਚੁੱਕੇ ਨੇ । ਅਤੇ ਜਲਦੀ ਹੀ ਸਾਰੀਆਂ ਜੇਲ੍ ਦੇ ਵਿੱਚ ਸਰਕਾਰ ਜੈਮਰ ਲਗਾਉਣ ਜਾ ਰਹੀ ਏ ਤਾਂ ਜੋ ਕੋਈ ਵੀ ਗਲਤ ਚੀਜ਼ ਜੇਲ ਵਿੱਚ ਦਾਖਲ ਨਾ ਹੋ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਲ ਦੇ ਵਿੱਚ ਪੂਰਾ ਧਿਆਨ ਰੱਖਿਆ ਜਾਵੇ ਮੁਸਤੈਦੀ ਨਾਲ ਰਿਹਾ ਜਾਵੇ । ਉਨ੍ਹਾਂ ਕਿਹਾ ਕਿ ਕੋਈ ਨਸ਼ੀਲਾ ਪਦਾਰਥ, ਮੋਬਾਇਲ ਜਾ ਗੈਰ ਵਰਤੋਂ ਯੋਗ

ਸਮੱਗਰੀ ਦੇ ਜੇਲ ਵਿੱਚ  ਆਉਣ ਦੀ ਸੂਰਤ ਵਿਚ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ ।**BYTE**:

---------------------------------------------------------------

ਅੱਜ ਰਾਸ਼ਟਰੀ ਡੇਂਗੂ ਦਿਵਸ ਏ । ਇਹ ਹਰ ਸਾਲ 16 ਮਈ ਨੂੰ ਡੇਂਗੂ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਇਸਦੀ ਰੋਕਥਾਮ ਲਈ ਜ਼ਰੂਰੀ ਸਾਵਧਾਨੀਆਂ ਨੂੰ ਉਤਸ਼ਾਹਿਤ ਕਰਨ ਲਈ ਮਨਾਇਆ ਜਾਂਦਾ ਏ। **ਪੇਸ਼ ਏ ਇੱਕ ਰਿਪੋਰਟ** :

*ਸਿਹਤ ਮੰਤਰਾਲੇ ਵਲੋਂ ਲੋਕਾਂ ਨੂੰ ਡੇਂਗੂ ਪ੍ਰਤੀ ਸੁਚੇਤ ਕਰਨ ਲਈ ਸਾਲ 2010 ਵਿੱਚ, ਰਾਸ਼ਟਰੀ ਡੇਂਗੂ ਦਿਵਸ ਮਨਾਉਣ ਦੀ ਸ਼ੁਰੂਆਤ ਕੀਤੀ ਗਈ ਸੀ। ਇਸ ਸਾਲ ਦਾ ਵਿਸ਼ਾ "Act Early, Prevent Dengue: Clean Surroundings, Healthy Living" ਭਾਵ ਜਲਦੀ ਕਾਰਵਾਈ ਕਰੋ, ਡੇਂਗੂ ਨੂੰ ਰੋਕੋ: ਸਾਫ਼ ਚੁਗਿਰਦਾ, ਸਿਹਤਮੰਦ ਜੀਵਨ" ਏ। ਇਹ ਵਿਸ਼ਾ ਲੋਕਾਂ ਨੂੰ ਆਪਣੇ ਚੁਗਿਰਦੇ ਨੂੰ ਸਾਫ਼ ਰੱਖਣ ਅਤੇ ਡੇਂਗੂ ਦੇ ਫੈਲਾਅ ਨੂੰ ਰੋਕਣ ਲਈ ਕਦਮ ਚੁੱਕਣ ਵਾਸਤੇ ਉਤਸ਼ਾਹਿਤ ਕਰਦਾ ਏ।ਡੇਂਗੂ, ਮੱਛਰਾਂ ਰਾਹੀਂ ਫੈਲਣ ਵਾਲੀਆਂ ਜਾਨਲੇਵਾ ਬਿਮਾਰੀਆਂ ਵਿੱਚੋਂ ਇੱਕ ਏ, ਜੋ ਖੜ੍ਹੇ ਪਾਣੀ ਵਿੱਚ ਪੈਦਾ ਹੋਣ ਵਾਲੇ "Aedes aegypti" ਨਾਮਕ ਮਾਦਾ ਮੱਛਰਾਂ ਦੇ ਕੱਟਣ ਕਾਰਨ ਹੁੰਦਾ ਏ। ਇਹ ਬਿਮਾਰੀ ਮਾਨਸੂਨ ਦੌਰਾਨ, ਤੇਜ਼ੀ ਨਾਲ ਫੈਲ ਸਕਦੀ ਏ।ਇਸ ਦੌਰਾਨ ਸਰਕਾਰ ਨੇ ਮਾਨਸੂਨ ਨੂੰ ਧਿਆਨ ਵਿੱਚ ਰੱਖਦਿਆਂ, ਮੱਛਰਾਂ ਤੋਂ ਫੈਲਣ ਵਾਲੀਆਂ ਬਿਮਾਰੀਆਂ ਦੇ ਵਧਦੇ ਖ਼ਤਰੇ ਨਾਲ ਨਜਿੱਠਣ ਲਈ ਨਿਗਰਾਨੀ ਵਧਾਉਣ ਅਤੇ ਰੋਕਥਾਮ ਦੇ ਉਚਿਤ ਉਪਰਾਲਿਆਂ ਨੂੰ ਲਾਗੂ ਕਰਨ ਦੇ ਨਿਰਦੇਸ਼ ਜਾਰੀ ਕੀਤੇ ਨੇ ।ਹੁਸ਼ਿਆਰਪੁਰ ਦੇ ਸਿਵਲ ਸਰਜਨ ਡਾਕਟਰ ਪਵਨ ਨੇ ਡੇਂਗੂ ਤੋਂ ਬਚਾਅ ਬਾਰੇ ਉਪਾਅ ਦੱਸਦਿਆਂ ਕਿਹਾ* ***।BYTE***
*ਸਿਹਤ ਵਿਭਾਗ ਵਲੋਂ ਵੀ ਲੋਕਾਂ ਨੂੰ ਆਪਣੇ ਨੇੜਲੇ ਇਲਾਕਿਆਂ ਵਿਚ ਸਫਾਈ ਰੱਖਣ ਲਈ ਜਾਗਰੂਕ ਕੀਤਾ ਜਾ ਰਿਹਾ ਏ ।*
*ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ*

---------------------------------------------------------------

ਏਧਰ ਪੰਜਾਬ ਵਿਚ ਵੀ ਲੋਕਾਂ ਨੂੰ ਡੇਂਗੂ, ਚਿਕਨਗੁਨੀਆ ਤੇ ਮਲੇਰੀਆ ਵਰਗੀਆਂ ਘਾਤਕ ਬਿਮਾਰੀਆਂ ਤੋਂ ਬਚਾਉਣ ਲਈ ਸੂਬੇ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਦੇ

ਤ੍ਰਿਪੜੀ ਇਲਾਕੇ ਵਿੱਚ ਘਰਾਂ ਦਾ ਦੌਰਾ ਕੀਤਾ ਤੇ ਲੋਕਾਂ ਨੂੰ ਇਸ ਬਾਰੇ ਜਾਗਰੂਕ ਵੀ ਕੀਤਾ। ਸਿਹਤ ਮੰਤਰੀ ਨੇ ਦੱਸਿਆ ਕਿ ਡੇਂਗੂ, ਮਲੇਰੀਆਂ ਤੇ ਚਿਕਨਗੁਨੀਆਂ ਤੋਂ ਬਚਾਅ ਲਈ ਲੋਕਾਂ ਨੂੰ ਜਾਗਰੂਕ ਕਰਨ ਲਈ 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਮੁਹਿੰਮ ਦਾ ਮਕਸਦ ਲੋਕਾਂ ਨੂੰ ਜਾਗਰੂਕ ਕਰਨਾ ਏ ਤਾਂ ਜੋ ਲੋਕ ਸਾਵਧਾਨੀਆਂ ਵਰਤ ਕੇ ਆਪਣੀ ਤੇ ਆਪਣੇ ਇਲਾਕੇ ਦੇ ਲੋਕਾਂ ਦਾ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਕਰ ਸਕਣ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਸੂਬਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਹਰ ਸ਼ੁੱਕਰਵਾਰ ਸਵੇਰੇ 9 ਵਜੇ ਤੋਂ ਸਵੇਰੇ 10 ਵਜੇ ਤੱਕ ਇੱਕ ਘੰਟਾ ਆਪਣੇ ਘਰਾਂ ਅਤੇ ਆਲੇ ਦੁਆਲੇ ਡੇਂਗੂ ਖਤਮ ਕਰਨ ਲਈ ਲਾਉਣ।

---------------------------------------------------------------------------

ਅੰਮ੍ਰਿਤਸਰ ਦੇ ਮਜੀਠਾ 'ਚ ਜ਼ਹਿਰੀਲੀ ਸ਼ਰਾਬ ਮਾਮਲੇ ਵਿੱਚ 14 ਮੁਲਜ਼ਮਾਂ ਨੂੰ ਜ਼ਿਲ੍ਹਾ ਅਦਾਲਤ ਨੇ ਅੱਜ 4 ਦਿਨ ਦੇ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ । ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਮੁਲਜ਼ਮਾਂ 'ਚ ਸ਼ਾਮਿਲ ਪਿੰਡ ਥਰੀਏਵਾਲ ਦੀ ਮਹਿਲਾ ਨਿੰਦਰ ਕੌਰ ਨੂੰ 14 ਦਿਨ ਦੀ ਨਿਆਇਕ ਹਿਰਾਸਤ ਚ ਭੇਜਿਆ ਗਿਆ । ਇਸ ਤੋਂ ਪਹਿਲਾਂ 14 ਮਈ ਨੂੰ ਅਦਾਲਤ ਨੇ ਉਨ੍ਹਾਂ ਨੂੰ 2 ਦਿਨ ਦਾ ਪੁਲਿਸ ਰਿਮਾਂਡ ਦਿੱਤਾ ਸੀ, ਜਿਸ ਕਾਰਨ ਅੱਜ ਪੁਲਿਸ ਵੱਲੋਂ ਰਿਮਾਂਡ ਖਤਮ ਹੋਣ ਤੋਂ

ਬਾਅਦ, ਉਨ੍ਹਾਂ ਨੂੰ ਦੁਬਾਰਾ ਅਦਾਲਤ ਵਿੱਚ ਪੇਸ਼ ਕੀਤਾ ਗਿਆ। DSP ਮਨਿੰਦਰ ਸਿੰਘ ਨੇ ਕਿਹਾ ਕਿ ਮੁਲਜ਼ਮਾਂ ਤੋਂ ਹੋਰ ਜਾਣਕਾਰੀ ਹਾਸਲ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਏ। ਜ਼ਹਿਰੀਲੀ ਸ਼ਰਾਬ ਦੇ ਮਾਮਲੇ ਵਿੱਚ ਹੁਣ ਤੱਕ 27 ਲੋਕਾਂ ਦੀ ਜਾਨ ਜਾ ਚੁੱਕੀ ਏ ਅਤੇ ਇਸ ਮਾਮਲੇ ਦੀ ਜਾਂਚ ਅਜੇ ਵੀ ਜਾਰੀ ਏ।

---------------------------------------------------------------------------

ਪੰਜਾਬ ਪੁਲਿਸ ਨੇ ਸਾਲ 2025 ਦੀ ਸਭ ਤੋਂ ਵੱਡੀ ਨਸ਼ੀਲੇ ਪਦਾਰਥਾਂ ਦੀ ਜ਼ਬਤ ਵਿੱਚ, ਬਰਤਾਨੀਆ-ਅਧਾਰਤ ਡਰੱਗ ਹੈਂਡਲਰ ਲਾਲੀ ਵੱਲੋਂ ਸੰਚਾਲਿਤ ਸਰਹੱਦ ਪਾਰ ISI-ਨਿਯੰਤਰਿਤ-ਪਾਕਿਸਤਾਨ ਅਧਾਰਤ ਨਸ਼ਾ-ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ। ਪੁਲਿਸ ਨੇ ਉਸਦੇ ਭਾਰਤ-ਅਧਾਰਤ ਸੰਚਾਲਕ ਅਮਰਜੋਤ ਸਿੰਘ ਨੂੰ ਗ੍ਰਿਫਤਾਰ ਕਰਕੇ, ਉਸਦੇ ਕਬਜ਼ੇ ਵਿੱਚੋਂ 85 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਏ। ਪੰਜਾਬ ਪੁਲਿਸ ਮੁਖੀ, ਗੌਰਵ ਯਾਦਵ ਨੇ ਇਸਨੂੰ ਸਭ ਤੋਂ ਵੱਡੀ ਜ਼ਬਤ ਹੋਣ ਦਾ ਦਾਅਵਾ ਕਰਦਿਆਂ ਕਿਹਾ ਏ ਕਿ, ਅਮਰਜੋਤ ਸਰਹੱਦ ਪਾਰ ਤਸਕਰਾਂ ਤੋਂ ਖੇਪਾਂ ਪ੍ਰਾਪਤ ਕਰ ਰਿਹਾ ਸੀ ਅਤੇ ਪੰਜਾਬ ਭਰ ਵਿੱਚ ਨਸ਼ੀਲੇ ਪਦਾਰਥਾਂ ਦੀ ਸਪਲਾਈ ਕਰ ਰਿਹਾ ਸੀ । **BYTE:**

ਉਨ੍ਹਾਂ ਦਸਿਆ ਕਿ ਉਹ ਆਪਣੀ ਰਿਹਾਇਸ਼ 'ਤੇ ਨਸ਼ਿਆਂ ਦਾ ਭੰਡਾਰ ਕਰ ਰਿਹਾ ਸੀ। ਉਨ੍ਹਾਂ ਦਸਿਆ ਕਿ ਮਾਮਲਾ ਦਰਜ ਕੀਤਾ ਗਿਆ ਏ ਅਤੇ ਅਗਲੇਰੀ ਜਾਂਚ ਜਾਰੀ ਏ।

-----------------------------------------------------------------

ਯੁੱਧ ਨਾਸ਼ੀਆਂ ਦੇ ਵਿਰੁੱਧ" ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਲਈ ਅੰਮ੍ਰਿਤਸਰ ਉੱਤਰੀ ਵਿੱਚ ਇੱਕ ਪ੍ਰੋਗਰਾਮ ਕੀਤਾ ਗਿਆ । ਪ੍ਰੋਗਰਾਮ ਵਿੱਚ ਨਸ਼ਾ ਵਿਰੋਧੀ ਸਹੁੰ ਚੁੱਕੀ ਗਈ ਜਿਸ ਤੋਂ ਬਾਅਦ ਇੱਕ ਜਾਗਰੂਕਤਾ ਮਾਰਚ ਵੀ ਕੱਢਿਆ ਗਿਆ। ਅੰਮ੍ਰਿਤਸਰ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਕਰਮਜੀਤ ਸਿੰਘ ਰਿੰਟੂ ਨੇ ਸਾਰਿਆਂ ਨੂੰ ਨਸ਼ਾ ਮੁਕਤ ਅਤੇ ਪ੍ਰਗਤੀਸ਼ੀਲ ਪੰਜਾਬ ਬਣਾਉਣ ਲਈ ਇੱਕਜੁੱਟ ਹੋਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇੱਕ ਸੀ.ਐਮ ਹੈਲਪਲਾਈਨ ਸ਼ੁਰੂ ਕੀਤੀ ਗਈ ਏ ਜਿਸ 'ਤੇ ਕੋਈ ਵੀ ਵਿਅਕਤੀ ਨਸ਼ਾ ਤਸਕਰੀ ਨਾਲ ਸਬੰਧਤ ਜਾਣਕਾਰੀ ਦੇ ਸਕਦਾ ਏ ।

-----------------------------------------------------------------

ਪੰਜਾਬ ਚੋਣ ਕਮਿਸ਼ਨ ਵੱਲੋਂ ਸੂਬੇ ਵਿੱਚ ਬਾਕੀ ਰਹਿੰਦਿਆਂ ਗਰਾਮ ਪੰਚਾਇਤਾਂ ਦੀਆਂ ਚੋਣਾਂ ਅਤੇ ਜਿਮਨੀ ਚੋਣਾਂ ਕਰਵਾਈਆਂ ਜਾਣੀਆਂ ਨੇ । ਇਸ ਸਬੰਧੀ ਜਿਲ੍ਹਿਆਂ ਵਿੱਚ ਵੋਟਰ ਸੂਚੀਆਂ ਵਿਚ ਸੋਧ ਕਰਨ ਲਈ ਲਈ ਇਕ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਏ ।

ਜਿਲ੍ਹਾ ਚੋਣਕਾਰ ਅਫਸਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਜਿਲ੍ਹੇ ਵਿੱਚ ਗਰਾਮ ਪੰਚਾਇਤ ਦੀਆਂ ਰਹਿੰਦੀਆਂ ਚੋਣਾਂ ਅਤੇ ਬਕਾਇਆ ਜਿਮਨੀ ਚੋਣਾਂ ਲਈ ਵੋਟਰ ਸੂਚੀਆਂ ਦੀ ਅਪਡੇਸ਼ਨ ਯੋਗਤਾ ਤਰੀਕ 31 ਮਈ ਦੇ ਅਧਾਰ ਕੀਤੀ ਜਾਣੀ ਏ । ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਸਬੰਧਤ ਵਾਰਡਾਂ ਤੇ ਗਰਾਮ ਪੰਚਾਇਤਾਂ ਵਿੱਚ ਨਵੀਂਆਂ ਵੋਟਾਂ ਬਣਾਉਣੀਆਂ, ਕੱਟੀਆਂ ਜਾਂ ਤਬਦੀਲ ਕੀਤੀਆਂ ਜਾ ਸਕਦੀਆਂ ਨੇ ਜਿਸ ਲਈ 19, 20 ਅਤੇ 21 ਮਈ ਨੂੰ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ ਅਤੇ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ 23 ਮਈ ਨੂੰ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਲੋਕ ਆਪਣੇ ਖੇਤਰ ਦੇ ਐਸ:ਡੀ:ਐਮ ਨਾਲ ਵਧੇਰੇ ਜਾਣਕਾਰੀ ਲਈ ਸੰਪਰਕ ਕਰ ਸਕਦੇ ਨੇ ।

---------------------------------------------------------------------

ਪੰਜਾਬ ਸਰਕਾਰ ਧਰਤੀ ਹੇਠਲੇ ਪਾਣੀ ਦੇ ਡਿਗ ਰਹੇ ਪੱਧਰ ਨੂੰ ਬੇਹਤਰ ਬਣਾਉਣ ਲਈ, ਕਿਸਾਨਾਂ ਨੂੰ ਝੋਨੇ ਦੀ ਬਜਾਏ ਮੱਕੀ ਦੀ ਫ਼ਸਲ ਉਗਾਉਣ ਲਈ ਉਤਸ਼ਾਹਿਤ ਕਰ ਰਹੀ ਏ । ਇਸ ਸਬੰਧ ਵਿੱਚ, ਖੇਤੀਬਾੜੀ ਅਧਿਕਾਰੀਆਂ ਵੱਲੋਂ ਬਟਾਲਾ ਦੇ ਪਿੰਡ ਚੂਹੇਵਾਲ ਵਿੱਚ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਇੱਕ ਕੈਂਪ ਲਗਾਇਆ ਗਿਆ। ਖੇਤੀਬਾੜੀ ਅਫ਼ਸਰ ਨੇ ਕਿਹਾ ਕਿ ਝੋਨੇ ਦੀ ਲਗਾਤਾਰ ਬਿਜਾਈ ਕਾਰਨ ਪਾਣੀ ਦੀ ਬਰਬਾਦੀ ਨੂੰ ਰੋਕਣ ਲਈ, ਸਾਨੂੰ ਬਦਲਵੀਆਂ ਫਸਲਾਂ ਬੀਜਣੀਆਂ

ਚਾਹੀਦੀਆਂ ਨੇ  ਜਿਸ ਵਿੱਚ ਮੱਕੀ ਮੁੱਖ ਫਸਲ ਏ । ਉਨ੍ਹਾਂ ਦਸਿਆ ਕਿ ਮੱਕੀ ਦੀ ਫ਼ਸਲ ਨੂੰ ਜ਼ਿਆਦਾ ਛਿੜਕਾਅ ਦੀ ਲੋੜ ਨਹੀਂ ਹੁੰਦੀ ਅਤੇ ਨਾ ਹੀ ਇਹ ਕੀੜਿਆਂ ਨਾਲ ਪ੍ਰਭਾਵਿਤ ਹੁੰਦੀ ਏ । ਇਸ ਨੂੰ ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਲੋੜ ਨਹੀਂ ਪੈਂਦੀ, ਜਿਸ ਦਾ ਸਾਡੇ ਵਾਤਾਵਰਣ 'ਤੇ ਕੋਈ ਪ੍ਰਭਾਵ ਨਹੀਂ ਪੈਂਦਾ। ਉਨ੍ਹਾਂ ਕਿਸਾਨਾਂ ਨੂੰ ਵੱਧ ਤੋਂ ਵੱਧ ਮੱਕੀ ਬੀਜਣ ਲਈ ਉਤਸ਼ਾਹਿਤ ਕੀਤਾ। ਇਸ ਦੇ ਨਾਲ ਹੀ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਕੋਈ ਵੀ ਸਾਮਾਨ ਖਰੀਦਦੇ ਸਮੇਂ ਦੁਕਾਨਦਾਰ ਤੋਂ ਬਿੱਲ ਜ਼ਰੂਰ ਲੈਣ।

------------------------------------------------------------------------

ਭਾਰਤੀ ਕ੍ਰਿਕਟ ਕੰਟਰੋਲ ਬੋਰਡ-BCCI ਨੇ ਭਾਰਤੀ ਮਹਿਲਾ ਕ੍ਰਿਕਟ ਟੀਮ ਦੇ ਇੰਗਲੈਂਡ ਦੌਰੇ ਲਈ ਟੀਮਾਂ ਦਾ ਐਲਾਨ ਕਰ ਦਿੱਤਾ ਏ , ਜੋ ਕਿ 28 ਜੂਨ ਤੋਂ 22 ਜੁਲਾਈ ਤੱਕ ਚੱਲੇਗਾ ਅਤੇ ਇਸ ਵਿੱਚ ਪੰਜ ਟੀ-20 ਅੰਤਰ-ਰਾਸ਼ਟਰੀ ਮੈਚ ਅਤੇ ਇਸਤੋਂ ਬਾਅਦ ਤਿੰਨ ਇੱਕ ਰੋਜ਼ਾ ਅੰਤਰ-ਰਾਸ਼ਟਰੀ ਕ੍ਰਿਕਟ ਮੈਚ ਸ਼ਾਮਲ ਹੋਣਗੇ।

------------------------------------------------------------------------

- ਭਾਰਤ ਨੇ ਕੌਮਾਂਤਰੀ ਮੁਦਰਾ ਫੰਡ ਨੂੰ, ਪਾਕਿਸਤਾਨ ਨੂੰ ਦਿੱਤੀ ਜਾ ਰਹੀ ਵਿੱਤੀ ਸਹਾਇਤਾ ੩ਤੇ ਮੁੜ ਵਿਚਾਰ ਕਰਨ ਲਈ ਕਿਹਾ ਏ ।

- ਪੰਜਾਬ ਦੇ ਜੇਲ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਰੂਪਨਗਰ ਜੇਲ ਦਾ ਅਚਨਚੇਤ ਦੌਰਾ ਕਰਦਿਆਂ ਅਧਿਕਾਰੀਆਂ ਨੂੰ ਕਾਨੂੰਨ ਮੁਤਾਬਕ ਕੰਮ ਕਰਨ ਦੀ ਸਖਤ ਚੇਤਾਵਨੀ ਦਿੱਤੀ।
- ਡੇਂਗੂ ਤੋਂ ਬਚਾਅ ਬਾਰੇ ਜਾਗਰੂਕਤਾ ਪੈਦਾ ਕਰਨ ਲਈ, ਅੱਜ ਰਾਸ਼ਟਰੀ ਡੇਂਗੂ ਦਿਵਸ ਮਨਾਇਆ ਜਾ ਰਿਹਾ ਏ।
- ਅੰਮ੍ਰਿਤਸਰ ਦੇ ਮਜੀਠਾ ੨ਚ ਜ਼ਹਿਰੀਲੀ ਸ਼ਰਾਬ ਮਾਮਲੇ ਵਿੱਚ 14 ਮੁਲਜ਼ਮਾਂ ਨੂੰ ਜ਼ਿਲ੍ਹਾ ਅਦਾਲਤ ਨੇ 4 ਦਿਨ ਦੇ ਪੁਲਿਸ ਰਿਮਾਂਡ ੨ਤੇ ਭੇਜਿਆ I
- ਪੰਜਾਬ ਪੁਲਿਸ ਨੇ ਪਾਕਿਸਤਾਨ ਅਧਾਰਤ ਨਸ਼ਾ,ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ, ਇਕ ਨਸ਼ਾ ਤਸਕਰ ਨੂੰ 85 ਕਿਲੋਗ੍ਰਾਮ ਹੈਰੋਇਨ ਸਮੇਤ ਕੀਤਾ ਗ੍ਰਿਫਤਾਰ ।